Roll No. .................. **01/A**

Total No. of Questions : 11] [Total No. of Printed Pages : 3

**X**

**2037**

**ਸਲਾਨਾ ਪਰੀਖਿਆ ਪ੍ਰਨਾਲੀ**

**PUNJABI**

**psebonline.com**

**Paper–A**

**(Morning Session)**

Time allowed : Three hours Maximum marks : 50

*ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ ਕੋਡ/ਪੇਪਰ ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ ਕੋਡ/ਪੇਪਰ ਕੋਡ* **01/A** *ਜ਼ਰੂਰ ਦਰਜ ਕਰੋ ਜੀ ।*

*(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

*(iii) ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

*(iv) ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ ।*

*(v)* ***ਸਾਰੇ ਪ੍ਰਸ਼ਨ ਜ਼ਰੂਰੀ ਹਨ ।***

*(vi) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

*(vii) ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਅਧਾਰਿਤ ਹੋਣੇ ਚਾਹੀਦੇ ਹਨ ।*

**1. ਵਸਤੂਨਿਸ਼ਠ ਪ੍ਰਸ਼ਨ :** **psebonline.com**

(ੳ) ਗੁਰੂ ਨਾਨਕ ਦੇਵ ਜੀ ਕਿਸ ਕਾਵਿ-ਧਾਰਾ ਦੇ ਕਵੀ ਹਨ ?

(ਅ) ਬਾਬਾ ਫ਼ਰੀਦ ਜੀ ਅਨੁਸਾਰ ਸਭ ਤੋਂ ਮਿੱਠੀ ਚੀਜ਼ ਕਿਹੜੀ ਹੈ ?

(ੲ) ਰਬਾਬੀ ਦਾ ਨਾਂ ਕੀ ਸੀ ?

(ਸ) ਲੇਖਕ ਅਨੁਸਾਰ ਜਵਾਨੀ ਤੇ ਬੁਢਾਪੇ ਨਾਲ਼ੋਂ ਕੀਮਤੀ ਸਮਾਂ ਕਿਹੜਾ ਹੈ ?

(ਹ) 'ਕੁਲਫ਼ੀ' ਕਹਾਣੀ ਦੀ ਘਟਨਾ ਕਿਸ ਮਹੀਨੇ ਵਿੱਚ ਵਾਪਰਦੀ ਹੈ ?

(ਕ) ਇੱਕ ਦਿਨ ਰਸ਼ੀਦ ਨੇ ਮੁੰਡੇ ਨੂੰ ਦਸ ਰੁਪਏ ਕਾਹਦੇ ਲਈ ਦਿੱਤੇ ?

(ਖ) 'ਨਾਇਕ' ਇਕਾਂਗੀ ਵਿੱਚ ਪਿਤਾ ਕਿੰਨੇ ਰੂਪਾਂ ਵਿੱਚ ਪੇਸ਼ ਹੁੰਦਾ ਹੈ ?

(ਗ) ਗੁਰੂ ਤੇਗ਼ ਬਹਾਦਰ ਜੀ ਦੇ ਕਤਲ ਦਾ ਹੁਕਮ ਕਿਸ ਨੇ ਦਿੱਤਾ ਸੀ ?

(ਘ) ਬੰਤੇ ਨੇ ਕਰਜ਼ਾ ਕਿਸ ਕੰਮ ਲਈ ਲਿਆ ਸੀ ? **psebonline.com**

(ਙ) ਬੰਤੇ ਦਾ ਸਵੇਰੇ ਸਾਢੇ ਛੇ ਵਜੇ ਕਿੱਥੇ ਪਹੁੰਚਣ ਦਾ ਪ੍ਰੋਗਰਾਮ ਸੀ ? 10×½=5

**2.** ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ **ਦੋ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਅਸੀਂ ਖਤੇ ਬਹੁਤ ਕਮਾਵਦੇ ਅੰਤੁ ਨ ਪਾਰਾਵਾਰੁ ॥ psebonline.com
ਹਰਿ ਕਿਰਪਾ ਕਰ ਕੈ ਬਖਸਿ ਲੈਹੁ ਹਉ ਪਾਪੀ ਵਡ ਗੁਨਹਗਾਰੁ ॥
ਹਰਿ ਜੀਉ ਲੇਖੈ ਵਾਰ ਨਾ ਆਵਈ ਤੂ ਬਖਸਿ ਮਿਲਾਵਣਹਾਰ ॥

(ਅ) ਬੰਦੇ ਆਪਿ ਨੂੰ ਪਛਾਣ ।
ਜੇ ਤੈਂ ਆਪਣਾ ਆਪਿ ਪਛਾਤਾ ।
ਸਾਂਈ ਦਾ ਮਿਲਣ ਅਸਾਨੁ । ਰਹਾਉ ।

(ੲ) ਇੱਕ ਤਖ਼ਤ ਹਜ਼ਾਰਿਓਂ ਗੱਲ ਕੀਚੇ, ਜਿੱਥੇ ਰਾਂਝਿਆਂ ਰੰਗ ਮਚਾਇਆ ਈ ।
ਛੈਲ, ਗੱਭਰੂ, ਮਸਤ, ਅਲਬੇਲੜੇ ਨੀ, ਸੁੰਦਰ ਇੱਕ ਥੀਂ ਇੱਕ ਸਵਾਇਆ ਈ ।
ਵਾਲ਼ੇ, ਕੋਕਲੇ, ਮੁੰਦਰੀ, ਮੰਝ-ਲੁੰਡੀ, ਨਵਾਂ ਠਾਠ ਤੇ ਠਾਠ ਚੜ੍ਹਾਇਆ ਈ ।
ਕਿਹੀ ਸਿਫ਼ਤ ਹਜ਼ਾਰੇ ਦੀ ਆਖ ਸੱਕਾਂ, ਗੋਇਆ ਬਹਿਸ਼ਤ ਜ਼ਮੀਨ 'ਤੇ ਆਇਆ ਈ ।

(ਸ) ਚੋਟ ਪਈ ਪਰਚਾਮੀ ਦਲਾਂ ਮੁਕਾਬਲਾ ॥
ਘੇਰ ਲਈ ਵਰਿਆਮੀ ਦੁਰਗਾ ਆਇਕੈ ॥
ਰਾਕਸ਼ ਵੱਡੇ ਅਲਾਮੀ ਭੱਜ ਨ ਜਾਣਦੇ ॥
ਅੰਤ ਹੋਏ ਸੁਰਗਾਮੀ ਮਾਰੇ ਦੇਵਤਾ ॥ 4+4=8

**3.** ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) ਮਿੱਠ ਬੋਲੜਾ ਜੀ ਹਰਿ ਸਜਣੁ (ਗੁਰੂ ਅਰਜਨ ਦੇਵ ਜੀ)

(ਅ) ਹੀਰ ਦਾ ਸਿਦਕ (ਵਾਰਿਸ ਸ਼ਾਹ) । psebonline.com 3

**4.** ਹੇਠ ਲਿਖੇ ਲੇਖਾਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਘਰ ਦਾ ਪਿਆਰ (ਪ੍ਰਿੰ: ਤੇਜਾ ਸਿੰਘ)

(ਅ) ਬਾਬਾ ਰਾਮ ਸਿੰਘ ਕੂਕਾ (ਸ. ਕਪੂਰ ਸਿੰਘ) 5

**5.** ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਮਰਦਾਨੇ ਅਤੇ ਫਰਹਿੰਦੇ ਰਬਾਬੀ ਦੀ ਆਪਸ ਵਿੱਚ ਹੋਈ ਵਾਰਤਾਲਾਪ ਨੂੰ ਆਪਣੇ ਸ਼ਬਦਾਂ ਵਿੱਚ ਲਿਖੋ ।

(ਅ) "ਬੋਲੀ ਮਨੁੱਖ ਦੀ ਆਤਮਾ ਦਾ ਚਿੱਤਰ ਹੈ ।" ਇਸ ਕਥਨ ਤੋਂ ਲੇਖਕ ਦਾ ਕੀ ਭਾਵ ਹੈ ?

(ੲ) ਕਾਲੀਦਾਸ ਕੌਣ ਸੀ ? ਉਸ ਨੂੰ ਇੰਨੀ ਪ੍ਰਸਿੱਧੀ ਕਿਉਂ ਮਿਲੀ ?

(ਸ) ਬਾਬਾ ਰਾਮ ਸਿੰਘ ਜੀ ਨੇ ਇਸਤਰੀ ਜਾਤੀ ਦੀ ਭਲਾਈ ਲਈ ਕੀ-ਕੀ ਉਪਦੇਸ਼ ਦਿੱਤੇ ? 2+2=4

**6.** ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ **ਇੱਕ** ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਕੁਲਫ਼ੀ psebonline.com (ਸੁਜਾਨ ਸਿੰਘ)

(ਅ) ਬਾਗ਼ੀ ਦੀ ਧੀ । (ਗੁਰਮੁਖ ਸਿੰਘ ਮੁਸਾਫ਼ਿਰ) 5

7. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਕੁਲਫ਼ੀ ਵਾਲ਼ੇ ਦਾ ਹੋਕਾ ਸੁਣ ਕੇ ਲੇਖਕ ਕੀ ਸੋਚਣ ਲੱਗਾ ? psebonline.com

(ਅ) ਮਾਸੀ ਵੱਲੋਂ ਅਜਿਹੀ ਕਿਹੜੀ ਗੱਲ ਕਹੀ ਗਈ ਸੀ, ਜਿਸ ਨੇ ਲੇਖਕ ਨੂੰ ਕੀਲ ਲਿਆ ਸੀ ?

(ੲ) ਮਹਾਰਾਜ ਤੇ ਮਹਾਰਾਣੀ ਦਾ ਬੈਮ ਬਹਾਦਰ ਪ੍ਰਤਿ ਵਰਤਾਓ ਕਿਹੋ-ਜਿਹਾ ਸੀ ?

(ਸ) ਰਸ਼ੀਦ ਨੇ ਦਫ਼ਤਰ ਦੀ ਨੌਕਰੀ ਤੋਂ ਅਸਤੀਫ਼ਾ ਦੇਣ ਲਈ ਕਿਉਂ ਸੋਚਿਆ ? 2+2=4

8. ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ :

(ੳ) ਵਜ਼ੀਰਾ (ਇਕਾਂਗੀ : ਬੰਬ ਕੇਸ)

(ਅ) ਸੁਖਦੇਵ (ਇਕਾਂਗੀ : ਦੂਜਾ ਵਿਆਹ) । 5

9. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ :

"ਨਹੀਂ ਇਹ ਗੱਲ ਨਹੀਂ, ਮੈਂ ਆਪਣੇ ਪੈਰਾਂ 'ਤੇ ਖਲੋਣਾ ਚਾਹੁੰਦਾ ਹਾਂ, ਪਰ ਤੁਸੀਂ ਮੇਰੀ ਗੱਲ ਨਹੀਂ ਸਮਝੋਗੇ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਹੜੇ ਇਕਾਂਗੀ ਵਿੱਚੋਂ ਹਨ ?

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ?

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ?

psebonline.com ਜਾਂ

"ਸੋਚਣ ਵਾਲ਼ੀ ਕਿਹੜੀ ਗੱਲ ਏ ? ਅਸਲੀ ਘਰ ਵਾਲ਼ੀ ਸਾਂਭ ਲਵੇ ਤੇ ਨਕਲੀ ਤਿੱਤਰ ਹੋ ਜਾਵੇ । ਭਰਾ ਮੰਨ ਜਾਵੇ ਤਾਂ ਵਾਹ ਭਲਾ, ਨਹੀਂ ਤੇ ਫੇਰ ਪੇਂਡੂਆਂ ਵਾਲ਼ੇ ਦੋ ਹੱਥ ਕਰ ਲਵਾਂਗੇ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ?

(ਅ) ਇਹ ਇਕਾਂਗੀ ਕਿਸ ਦੀ ਰਚਨਾ ਹੈ ?

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1+1+1=3

10. ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਬੰਤਾ

(ਅ) ਅਸ਼ਕ

(ੲ) ਲਾਜੋ । psebonline.com 5

11. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) "ਲਾਜੋ, ਜੇ ਇਹ ਕੁੜੀ ਪਸਿੰਦ ਆ ਗਈ ਤਾਂ ਮੈਂ ਮੁੰਦਰੀ ਪਾ ਦੇਣੀ ਏ, ਉਹਨੂੰ ..............।"

(ਅ) "ਖੇਡਿਆ-ਮੱਲਿਆ ਕਰ ਨਾ ਬੱਚਿਆਂ ਨਾਲ਼, ਤੂੰ ਤਾਂ ਉਹਨਾਂ ਨੂੰ ਬੁਲਾਂਦੀ ਈ ਨਹੀਂ ।" 1+2=3